Vigilance Bureau Punjab

# Vigilance Bureau registers case against 26 persons for committing fraud in funds related to construction of Jang-e-Azadi Memorial, 15 accused arrested

Chandigarh May 22 -

The Punjab Vigilance Bureau (VB) on Wednesday registered a case against 26 accused including private persons for committing fraud in the government funds related to the construction of Jang-e-Azadi Memorial at Kartarpur, Jalandhar. In this case, the VB has arrested 15 officers/employees including a private person who would be produced in the competent court tomorrow.

Giving information in this regard, a spokesperson of the VB said during the investigation of a vigilance enquiry No. 05/2023, it was found that the funds released by the Punjab Government for the construction of said Jang-e-Azadi Memorial have been misappropriated causing huge loss to the state exchequer to the tune of crores of rupees. In this regard a case FIR no. 9 dated 22.05.2024 under sections 420, 406, 409, 465, 467, 468, 471, 120-B of the IPC and section 13(1)A read with 13(2) of the Prevention of Corruption Act has been registered at VB police station, Jalandhar range.

He informed that out of a total of 26 accused, the VB has arrested 15 accused so far, which includes Deepak Kumar Singal, owner of M/s. Deepak Builders, a resident of Raj Guru Nagar, Ludhiana, Arvinder Singh, Chief Engineer (Retired)-cum Independent Engineer, a resident of sector 38, Chandigarh, Tez Ram Katnauria, Xen PWD (B&R) Branch-2 Jalandhar (Chief Engineer Retired) resident of Jalandhar, Rajiv Kumar Arora, JE, (SDO Retired) PWD (B&R) Sub-Division provincial division-3 Jalandhar, resident of sector-11, Panchkula, Rohit Kumar JE, PWD (B&R) Construction Division-3 Jalandhar (Now JE Mechanical Division Jalandhar, a resident of Jalandhar, Raghwinder Singh Xen/Sub Divisional Officer, Public Works Department, Electrical Division Resident of Sector 110, Mohali, Santosh Raj Xen, Electrical Division Amritsar (Retd), a resident of Green City Akash Avenue, Amritsar, Harpal Singh SDO, Electrical Sub-Division Jalandhar (Xen Electrical Ludhiana), resident of Preet Nagar Ludhiana, Jatinder Arjun SDO, now Xen Electrical Sub-Division Jalandhar (Xen Mechanical Division PWD (B&R Jalandhar), resident of Jalandhar Cantt, Harpreet Singh, JE Electrical Sub-Division Jalandhar Cantt, resident of village Jalal Bhulana, district Kapurthala, Mandeep Singh, JE Electrical Sub-Division Jalandhar, resident of Urban Estate Phase-2, Jalandhar, NP Singh, Xen, department of Water Supply and Sanitation, resident of Chhoti Barandri Jalandhar, Rajat Gopal, SDO, department of Water Supply and Sanitation, Jalandhar (Xen ,Water Supply and Sanitation department Tarn Taran), resident of Gopal Park Kapurthala, Gauravdeep, JE, Water Supply and Sanitation department Division-1, Jalandhar, resident of Master Tara Singh Nagar, Jalandhar and Rohit Kondal, JE, Water Supply and Sanitation department Division-3 Jalandhar, Sub-Division Nakodar, district Jalandhar, a resident of Madhuban Kaluni, Kapurthala have been arrested. In this case, remaining absconding accused

including Vinay Bublani, IAS, Former Chief Executive Officer, Jang-e-Azadi and others will be arrested soon as raids are being conducted at their residences and other locations. Further, investigation of this case is under progress.

Giving more information, he said during the investigation it was found that in 2012, the then Punjab government had proposed to build a memorial depicting the role the freedom struggle of India from the time of Maharaja Ranjit Singh to the independence of India, i.e. till the year 1947 so that future generations could be aware of the history and contribution of Punjabis in India's freedom struggle. In this regard, the Punjab Government sanctioned an amount of Rs. 315 crores to complete the above said project and 25 acres of prime land located on National Highway at Kartarpur, district Jalandhar was allotted for this purpose.

He added that various committees were formed by the state government to carry out the work of this project, in which Barjinder Singh Hamdard was appointed as the president of Executive Committee/Management Committee who along with Vinay Bublani I.A.S. Former Chief Executive Officer, Jang-e-Azadi has supervised all the construction works of this project and did not empowered other members of the foundation pertaining to the rules and by-laws and deed of declaration of the memorial. Both Barjinder Singh Hamdard and Vinay Bublani,IAS in violation of the said rules had allotted the construction of Jang e Azadi related works to their choicest contractor/person neamly Deepak Builders/Sham Benegal Films regarding sewage treatment plant, landscaping, operation and maintenance/documentary film making, without adopting tender system.

Giving further details, he said both Barjinder Singh Hamdard and Vinay Bublani misused their powers given in clause No. 9 and 10 of Punjab Freedom Movement Memorial Foundation's Deed Of Declaration(2012) for their personal benefits and connived with the contractors (Deepak Builders/Godrej & Boyce Company) and government officers/officials who ignored and violated the original plans prepared by Raj Ravel, Master Technical Consultant (MTC) and EDC Creative Technology Solutions Limited (Museum Consultants) for construction of this project but made excess payments beyond the bidding amounts to the said contractors/companies under the guise of non-scheduled items without completing the project as per plan.

During the investigation, it has come to light that about Rs 6 crores were given to Raj Ravel Master Technical Consultant and about 3 crores to EDC Creative Technology Solutions Limited (Museum Consultant) for preparing the map/plan for the construction of Jang-e-Azadi project. Despite this, Barjinder Singh Hamdard and Vinay Bublani, ignoring the original bill of quantities(BOQ) and conniving with the said two consultants, approved the non-scheduled items such construction of 6 ‘Gubands’ in RC to steel structure and usurped crores of rupees. The use of Hilti Cramps for stone cladding work, and Centering and shuttering items were made non-schedule items thereby additional payments of crores of rupees was made to the above said contractor by giving enhanced rates. Apart from this, by raising the issue of primary steel, Deepak Builders started

purchasing primary steel (Tata Steel) from April 2015, without the approval of the executive committee at the behest of Barjinder Singh Hamdard and Vinay Bublani CEO and around three months later (July 2015), Barjinder Singh Hamdard and Mr. Vinay Bublani had got approval in the meeting of the Executive Committee to buy Tata Steel in the name of Primary Steel and paid crores of rupees to Deepak Builder.

The spokesman added that the construction of the Jang-e-Azadi memorial had not been accomplished as per the plans of MTC Raj Ravel and Museum Consultant EDC Creative Technology Solutions. During the probe, it was found that as per the plans prepared by MTC Raj Ravel, out of the total 235 civil items in the bills of quantities, 103 items were executed as non-scheduled works and paid additional financial benefits to the tune of crores of rupees to the contractor Deepak Builder due to which many constructions/components like 10 statues, 04 galleries at first floor, memorial icon, food court, atrium etc. could not be constructed with this money which are still in complete. Apart from this, a laser show which was installed at a cost of around Rs 14 crores at Jang-e-Azadi was found to be non-operational since 2020 and Barjinder Singh Hamdard being the President of the Managing Committee did not perform his responsibilities and kept this laser show non functional causing financial loss to the government.

He added that accused Barjinder Singh Hamdard and Vinay Bublani,IAS being President and CEO Executive Committee respectively failed to get the construction of the monument done as per the MTC Plan and Bill Of Quantities(BOQ)/DNIT tender. The work of Jang-e-Azadi project was reviewed by various technical teams and the according to the report given by them, it has been transpired that a direct financial loss of Rs 27,23,62,615 to the government exchequer has been done in the construction of the Jang-e-Azadi memorial by paying extra to the contractors. In addition to this, the work of the Jang-e-Azadi project which is still incomplete or constructed wrongly would incur another financial burden of crores of rupees on the government for its completion as per the MTC plan.

-----------

ਵਿਜੀਲੈਂਸ ਬਿਓਰੋ ਪੰਜਾਬ

# ਵਿਜੀਲੈਂਸ ਬਿਓਰੋ ਵੱਲੋਂ ਜੰਗ-ਏ-ਅਜਾਦੀ ਯਾਦਗਾਰ ਕਰਤਾਰਪੁਰ ਦੀ ਉਸਾਰੀ ਸਬੰਧੀ ਫੰਡਾਂ ਵਿੱਚ ਘਪਲੇਬਾਜੀ ਦੇ ਦੋਸ਼ ਹੇਠ 26 ਵਿਅਕਤੀਆਂ ਵਿਰੁੱਧ ਕੇਸ ਦਰਜ, 15 ਗ੍ਰਿਫਤਾਰ

ਚੰਡੀਗੜ੍ਹ 22 ਮਈ –

ਪੰਜਾਬ ਵਿਜੀਲੈਂਸ ਬਿਓਰੋ ਨੇ ਅੱਜ ਜੰਗ-ਏ-ਅਜਾਦੀ ਯਾਦਗਾਰ, ਕਰਤਾਰਪੁਰ ਦੀ ਉਸਾਰੀ ਸਬੰਧੀ ਫੰਡਾਂ ਵਿੱਚ ਵੱਡੇ ਪੱਧਰ ਤੇ ਘਪਲੇਬਾਜ਼ੀ ਕਰਕੇ ਸਰਕਾਰੀ ਖਜਾਨੇ ਨੂੰ ਕਰੋੜਾਂ ਰੁਪਏ ਦਾ ਵਿੱਤੀ ਨੁਕਸਾਨ ਪਹੁੰਚਾਏ ਜਾਣ ਦੇ ਦੋਸ਼ ਹੇਠ 26 ਮੁਲਜ਼ਮਾਂ ਵਿਰੁੱਧ ਕੇਸ ਦਰਜ ਕਰਕੇ 15 ਅਧਿਕਾਰੀਆਂ/ਕਰਮਚਾਰੀਆਂ ਸਮੇਤ ਇਕ ਪ੍ਰਾਇਵੇਟ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਹੈ, ਜਿਨ੍ਹਾਂ ਨੂੰ ਕੱਲ੍ਹ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਇੰਨਕੁਆਰੀ ਨੰਬਰ 05/2023 ਦੀ ਪੜਤਾਲ ਤੋਂ ਜੰਗ-ਏ-ਅਜਾਦੀ ਯਾਦਗਾਰ, ਕਰਤਾਰਪੁਰ ਦੀ ਉਸਾਰੀ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਫੰਡਾਂ ਵਿੱਚ ਕੀਤੀ ਗਈ ਘਪਲੇਬਾਜ਼ੀ ਕਰਕੇ ਸਰਕਾਰੀ ਖਜਾਨੇ ਨੂੰ ਕਰੋੜਾਂ ਰੁਪਏ ਦਾ ਵਿੱਤੀ ਨੁਕਸਾਨ ਪਹੁੰਚਾਏ ਜਾਣ ਸਬੰਧੀ ਵਿਜੀਲੈਂਸ ਬਿਉਰੋ ਵੱਲੋਂ ਮੁਕੱਦਮਾ ਨੰਬਰ 9 ਮਿਤੀ 22.05.2024 ਨੂੰ ਆਈ.ਪੀ.ਸੀ ਦੀ ਧਾਰਾ 420, 406, 409, 465, 467, 468, 471, 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1)ਏ ਸਮੇਤ 13(2) ਥਾਣਾ ਵਿਜੀਲੈਂਸ ਬਿਉਰੋ, ਰੇਂਜ ਜਲੰਧਰ ਵਿਖੇ ਦਰਜ ਕਰ ਲਿਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਕੁੱਲ 26 ਮੁਲਜਮਾਂ ਵਿਚੋਂ ਹੁਣ ਤੱਕ 15 ਮੁਲਜਮਾ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਜਿਨ੍ਹਾ ਵਿਚ ਦੀਪਕ ਕੁਮਾਰ ਸਿੰਗਲ (ਮਾਲਕ) ਮੈਸਰਜ ਦੀਪਕ ਬਿਲਡਰ ਵਾਸੀ ਰਾਜ ਗੁਰੂ ਨਗਰ, ਲੁਧਿਆਣਾ (ਪ੍ਰਾਈਵੇਟ ਵਿਅਕਤੀ), ਅਰਵਿੰਦਰ ਸਿੰਘ, ਚੀਫ ਇੰਜੀਨੀਅਰ (ਰਿਟਾਇਰਡ)-ਕਮ ਇੰਡੀਪੈਂਡਿਟ ਇੰਜੀਨੀਅਰ ਜੰਗ-ਏ-ਅਜਾਦੀ ਵਾਸੀ ਸੈਕਟਰ-38ਬੀ ਚੰਡੀਗੜ੍ਹ, ਤੇਜ਼ ਰਾਮ ਕਟਨੌਰੀਆ, ਐਕਸੀਅਨ ਪੀ.ਡਬਲਯੂ.ਡੀ (ਬੀ.ਐਂਡ ਆਰ) ਸ਼ਾਖਾ-2 ਜਲੰਧਰ (ਚੀਫ ਇੰਜੀਨੀਅਰ ਰਿਟਾਇਰਡ) ਵਾਸੀ ਪਾਰਕ ਐਵੀਨਿਊ, ਜਲੰਧਰ, ਰਾਜੀਵ ਕੁਮਾਰ ਅਰੋੜਾ, ਜੇ.ਈ (ਐਸ.ਡੀ.ਓ. ਰਿਟਾਇਰਡ) ਪੀ.ਡਬਲਯੂ.ਡੀ (ਬੀ.ਐਂਡ ਆਰ) ਸਬ-ਡਵੀਜਨ ਪ੍ਰੋਵੈਸ਼ੀਅਲ ਡਵੀਜਨ-3 ਜਲੰਧਰ ਵਾਸੀ ਸੈਕਟਰ-11, ਪੰਚਕੂਲਾ, ਰੋਹਿਤ ਕੁਮਾਰ ਜੇ.ਈ, ਪੀ.ਡਬਲਯੂ.ਡੀ (ਬੀ.ਐਂਡ ਆਰ) ਕੰਨਸਟਰੱਕਸ਼ਨ ਡਵੀਜਨ-3 ਜਲੰਧਰ (ਹੁਣ ਜੇ.ਈ ਮਕੈਨੀਕਲ ਡਵੀਜਨ ਜਲੰਧਰ ਵਾਸੀ ਪਿੰਡ ਨੂਸੀ, ਜਿਲਾ ਜਲੰਧਰ, ਰਘਵਿੰਦਰ ਸਿੰਘ ਐਕਸੀਅਨ, ਉਪ ਮੰਡਲ ਅਫਸਰ, ਲੋਕ ਨਿਰਮਾਣ ਵਿਭਾਗ (ਭ.ਤੇ ਮ. ਸ਼ਾਖਾ) ਇਲੈਕਟ੍ਰੀਕਲ ਡਵੀਜਨ ਵਾਸੀ ਸੈਕਟਰ 110, ਮੋਹਾਲੀ, ਸੰਤੋਸ਼ ਰਾਜ ,ਐਕਸੀਅਨ, ਇਲੈਕਟ੍ਰੀਕਲ ਡਵੀਜਨ ਅੰਮ੍ਰਿਤਸਰ (ਰਿਟਾਇਰਡ) ਵਾਸੀ ਗਰੀਨ ਸਿਟੀ ਅਕਾਸ਼ ਐਵੀਨਿਊ, ਅੰਮ੍ਰਿਤਸਰ, ਹਰਪਾਲ ਸਿੰਘ ਐਸ.ਡੀ.ਓ, ਇਲੈਕਟ੍ਰੀਕਲ ਸਬ-ਡਵੀਜਨ ਜਲੰਧਰ (ਐਕਸੀਅਨ ਇਲੈਕਟਰੀਕਲ ਲੁਧਿਆਣਾ) ਵਾਸੀ

ਪ੍ਰੀਤ ਨਗਰ ਲੁਧਿਆਣਾ, ਜਤਿੰਦਰ ਅਰਜੁਨ ਐਸ.ਡੀ.ਓ ਹੁਣ ਐਕਸੀਅਨ ਇਲੈਕਟ੍ਰੀਕਲ ਸਬ-ਡਵੀਜਨ ਜਲੰਧਰ (ਐਕਸੀਅਨ ਮਕੈਨੀਕਲ ਡਵੀਜਨ ਪੀ.ਡਬਲਯੂ.ਡੀ (ਬੀ.ਐਂਡ ਆਰ ਜਲੰਧਰ) ਵਾਸੀ ਜਲੰਧਰ ਕੈਂਟ, ਹਰਪ੍ਰੀਤ ਸਿੰਘ, ਜੇ.ਈ ਇਲੈਕਟ੍ਰੀਕਲ ਸਬ-ਡਵੀਜਨ ਜਲੰਧਰ ਕੈਂਟ ਵਾਸੀ ਪਿੰਡ ਜਲਾਲ ਭੁਲਾਣਾ, ਜਿਲਾ ਕਪੂਰਥਲਾ, ਮਨਦੀਪ ਸਿੰਘ, ਜੇ.ਈ ਇਲੈਕਟ੍ਰੀਕਲ ਸਬ-ਡਵੀਜਨ ਜਲੰਧਰ ਵਾਸੀ ਅਰਬਨ ਅਸਟੇਟ ਫੇਸ-2, ਜਲੰਧਰ, ਐਨ.ਪੀ ਸਿੰਘ, ਐਕਸੀਅਨ, ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਾਸੀ ਛੋਟੀ ਬਾਰਾਂਦਰੀ ਜਲੰਧਰ, ਰੱਜਤ ਗੋਪਾਲ, ਐਸ.ਡੀ.ਓ, ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਜਲੰਧਰ (ਐਕਸੀਅਨ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਤਰਨ ਤਾਰਨ) ਵਾਸੀ ਗੋਪਾਲ ਪਾਰਕ ਕਪੂਰਥਲਾ, ਗੌਰਵਦੀਪ, ਜੇ.ਈ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਡਵੀਜਨ-1, ਜਲੰਧਰ ਵਾਸੀ ਮਾਸਟਰ ਤਾਰਾ ਸਿੰਘ ਨਗਰ, ਜਲੰਧਰ ਅਤੇ ਰੋਹਿਤ ਕੌਂਡਲ, ਜੇ.ਈ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਡਵੀਜਨ-3 ਜਲੰਧਰ, ਸਬ-ਡਵੀਜਨ ਨਕੋਦਰ, ਜਿਲ੍ਹਾ ਜਲੰਧਰ ਵਾਸੀ ਮਧੂਬਨ ਕਲੌਨੀ, ਕਪੂਰਥਲਾ ਨੂੰ ਗ੍ਰਿਫਤਾਰ ਕੀਤਾ ਗਿਆ। ਜਿਨ੍ਹਾਂ ਨੂੰ ਕੱਲ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕਰਕੇ ਪੁੱਛਗਿੱਛ ਕੀਤੀ ਜਾਵੇਗੀ। ਇਸ ਮੁਕੱਦਮੇ ਦੇ ਬਾਕੀ ਫਰਾਰ ਮੁਲਜ਼ਮ ਵਿਨੈ ਬੁਬਲਾਨੀ, ਆਈ.ਏ.ਐਸ., ਸਾਬਕਾ ਮੁੱਖ ਕਾਰਜਕਾਰੀ ਅਫਸਰ ਜੰਗ-ਏ-ਆਜ਼ਾਦੀ ਅਤੇ ਹੋਰ, ਨੂੰ ਗ੍ਰਿਫਤਾਰ ਕਰਨ ਲਈ ਉਨ੍ਹਾਂ ਦੇ ਰਿਹਾਇਸ਼ੀ ਅਤੇ ਹੋਰ ਠਿਕਾਣਿਆ ਤੇ ਦਬਿਸ਼ ਦਿੱਤੀ ਜਾ ਰਹੀ ਹੈ। ਇਸ ਕੇਸ ਦੀ ਹੋਰ ਤਫਤੀਸ਼ ਜਾਰੀ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪੜਤਾਲ ਤੋਂ ਪਾਇਆ ਗਿਆ ਕਿ ਸਾਲ 2012 ਵਿੱਚ ਤਤਕਾਲੀ ਪੰਜਾਬ ਸਰਕਾਰ ਨੇ ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਤੋਂ ਲੈ ਕੇ ਭਾਰਤ ਦੀ ਅਜ਼ਾਦੀ ਤੱਕ ਭਾਵ ਸਾਲ 1947 ਤੱਕ ਭਾਰਤ ਦੀ ਅਜ਼ਾਦੀ ਦੇ ਸੰਘਰਸ਼ ਅਤੇ ਅਜਾਦੀ ਵਿੱਚ ਪੰਜਾਬੀਆਂ ਦੀ ਭੂਮਿਕਾ ਨੂੰ ਦਰਸਾਉਂਦੀ ਯਾਦਗਾਰ ਬਣਾਉਣ ਦਾ ਪ੍ਰਸਤਾਵ ਰੱਖਿਆ ਸੀ, ਤਾਂ ਜ਼ੋ ਅਗਲੀਆਂ ਆਉਣ ਵਾਲੀਆਂ ਪੀੜ੍ਹੀਆਂ ਭਾਰਤ ਦੇ ਅਜਾਦੀ ਸੰਗਰਾਮ ਵਿੱਚ ਪੰਜਾਬੀਆਂ ਦੇ ਇਤਹਾਸ ਅਤੇ ਯੋਗਦਾਨ ਬਾਰੇ ਜਾਣੂ ਹੋਣ। ਪੰਜਾਬ ਸਰਕਾਰ ਨੇ ਉਪਰੋਕਤ ਪ੍ਰੋਜੈਕਟ ਨੂੰ ਪੂਰਾ ਕਰਨ ਲਈ 315 ਕਰੋੜ ਰੁਪਏ ਦੀ ਰਾਸ਼ੀ ਮੰਨਜੂਰ ਕੀਤੀ ਅਤੇ ਨੈਸ਼ਨਲ ਹਾਈਵੇ ਕਰਤਾਰਪੁਰ ਜਿ੍ਲ੍ਹਾ ਜਲੰਧਰ ਤੇ ਸਥਿਤ 25 ਏਕੜ ਪ੍ਰਮੁੱਖ ਜ਼ਮੀਨ ਇਸ ਮੰਤਵ ਲਈ ਅਲਾਟ ਕੀਤੀ ਗਈ ਸੀ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਪ੍ਰੋਜੈਕਟ ਦੇ ਕੰਮ ਨੂੰ ਨੇਪਰੇ ਚਾੜਨ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ ਸੀ, ਜਿਸ ਵਿੱਚ ਬਰਜਿੰਦਰ ਸਿੰਘ ਹਮਦਰਦ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ ਸੀ। ਇਸ ਪ੍ਰੋਜੈਕਟ ਦੀ ਉਸਾਰੀ ਸਬੰਧੀ ਸਾਰੀ ਦੇਖ ਰੇਖ ਬਰਜਿੰਦਰ ਸਿੰਘ ਹਮਦਰਦ ਪ੍ਰਧਾਨ ਕਾਰਜਕਾਰੀ ਕਮੇਟੀ /ਪ੍ਰਬੰਧਕੀ ਕਮੇਟੀ ਅਤੇ ਵਿਨੈ ਬੁਬਲਾਨੀ ਆਈ.ਏ.ਐਸ. ਮੁੱਖ ਕਾਰਜਕਾਰੀ ਅਫਸਰ ਵੱਲੋਂ ਕੀਤੀ ਗਈ ਅਤੇ ਬਾਕੀ ਕਿਸੇ ਵੀ ਕਮੇਟੀ ਮੈਂਬਰਾਂ ਨੂੰ ਫਾਊਡੇਸ਼ਨ ਦੇ ਬਣਾਏ ਗਏ ਰੂਲਜ਼ ਐਂਡ ਬਾਈ-ਲਾਅਜ਼ ਅਤੇ ਡੀਡ ਆਫ ਡੈਕਲਾਰੇਸ਼ਨ ਦੇ ਸਿੱਧੇ ਤੌਰ ਤੇ ਕੋਈ ਅਧਿਕਾਰ ਨਹੀਂ ਦਿੱਤੇ ਗਏ ਸਨ। ਬਰਜਿੰਦਰ ਸਿੰਘ ਹਮਦਰਦ ਅਤੇ ਵਿਨੈ ਬੁਬਲਾਨੀ ਵੱਲੋਂ ਉਕਤ ਰੂਲਾਂ ਦੀ ਉਲੰਘਣਾ ਕਰਦੇ ਹੋਏ ਜੰਗ ਏ ਅਜਾਦੀ ਦੀ ਉਸਾਰੀ ਨਾਲ ਸਬੰਧਤ ਸੀਵਰੇਜ ਟਰੀਟਮੈਂਟ ਪਲਾਂਟ, ਲੈਂਡਸਕੇਪਿੰਗ, ਸੰਚਾਲਨ ਅਤੇ ਦੇਖਭਾਲ/ਦਸਤਾਵੇਜ਼ੀ ਫਿਲਮ ਬਣਾਉਣ ਦੇ ਕੰਮ ਬਿਨ੍ਹਾਂ ਟੈਂਡਰ ਪ੍ਰਣਾਲੀ ਅਪਣਾਏ

ਆਪਣੇ ਖਾਸ ਠੇਕੇਦਾਰ/ਵਿਅਕਤੀ ਦੀਪਕ ਬਿਲਡਰਜ਼/ ਸ਼ਾਮ ਬੈਨੇਗਲ ਫਿਲਮ ਨਿਰਦੇਸ਼ਕ ਨੂੰ ਸੌਂਪ ਦਿੱਤੇ ਗਏ।

ਹੋਰ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਬਰਜਿੰਦਰ ਸਿੰਘ ਹਮਦਰਦ ਅਤੇ ਵਿਨੈ ਬੁਬਲਾਨੀ ਵੱਲੋਂ ਪੰਜਾਬ ਫਰੀਡਮ ਮੂਵਮੈਂਟ ਮੈਮੋਰੀਅਲ ਫਾਊਂਡੇਸ਼ਨ ਡੀਡ(2012) ਵਿੱਚ ਮੱਦ ਨੰਬਰ 9 ਅਤੇ 10 ਮੁਤਾਬਿਕ ਆਪਣੇ ਬਣਦੇ ਅਧਿਕਾਰਾਂ ਦੀ ਦੁਰਵਰਤੋਂ ਕਰਦੇ ਹੋਏ ਆਪਣੇ ਨਿੱਜੀ ਮੁਫਾਦ ਲਈ ਠੇਕੇਦਾਰਾਂ ਦੀਪਕ ਬਿਲਡਰਜ਼/ਗੋਦਰੇਜ਼ ਐਂਡ ਬੋਇਸ ਕੰਪਨੀ ਅਤੇ ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ ਨਾਲ ਮਿਲੀਭੁਗਤ ਕਰਕੇ ਜੰਗ ਏ ਅਜਾਦੀ ਪ੍ਰੋਜੈਕਟ ਦੀ ਉਸਾਰੀ ਰਾਜ ਰਾਵੇਲ ਮਾਸਟਰ ਟੈਕਨੀਕਲ ਕੰਸਲਟੈਂਟ (ਐੱਮ.ਟੀ.ਸੀ.) ਐੱਨ. ਐੱਸ. / ਈ.ਡੀ.ਸੀ., ਕ੍ਰਿਏਟਿਵ ਟੈਕਨੋਲੋਜੀ ਸੋਲਿਊਸ਼ਨ ਲਿਮਟਿਡ (ਮਿਊਜ਼ੀਅਮ ਸਲਾਹਕਾਰ) ਤੋਂ ਪਲਾਨ ਮੁਤਾਬਿਕ ਮੁਕੰਮਲ ਕਰਵਾਏ ਬਗੈਰ ਨਾਨ ਸ਼ਡਿਊਲ ਆਈਟਮ ਦੀ ਆੜ ਹੇਠ ਉਕਤ ਠੇਕੇਦਾਰਾਂ/ਕੰਪਨੀਆਂ ਨੂੰ ਉਹਨਾਂ ਦੀਆਂ ਬਿਡਿੰਗ ਰਾਸ਼ੀਆਂ ਤੋਂ ਵੀ ਵੱਧ ਦੀਆਂ ਅਦਾਇਗੀਆਂ ਕੀਤੀਆਂ।

ਪੜਤਾਲ ਦੌਰਾਨ ਸਾਹਮਣੇ ਆਇਆ ਹੈ ਕਿ ਜੰਗ-ਏ-ਅਜਾਦੀ ਦੀ ਉਸਾਰੀ ਦਾ ਨਕਸ਼ਾ/ਪਲਾਨ ਤਿਆਰ ਕਰਨ ਲਈ ਰਾਜ ਰਵੇਲ ਮਾਸਟਰ ਟੈਕਨੀਕਲ ਕੰਸਲਟੈਂਟ ਨੂੰ ਕਰੀਬ 6 ਕਰੋੜ ਅਤੇ ਈ.ਡੀ.ਸੀ., ਕ੍ਰਿਏਟਿਵ ਟੈਕਨੋਲੋਜੀ ਸੋਲਿਊਸ਼ਨ ਲਿਮਟਿਡ ਨੂੰ ਕਰੀਬ 3 ਕਰੋੜ ਰੁਪਏ ਦਿੱਤੇ ਗਏ ਸਨ, ਇਸ ਦੇ ਬਾਵਜੂਦ ਬਰਜਿੰਦਰ ਸਿੰਘ ਹਮਦਰਦ ਅਤੇ ਵਿਨੈ ਬੁਬਲਾਨੀ ਵੱਲੋਂ ਅਸਲ ਬਿਲਾਂ ਨੂੰ ਅੱਖੋ-ਪਰੋਖੇ ਕਰਦੇ ਹੋਏ ਅਤੇ ਉਕਤ ਦੋਨੋ ਕੰਸਲਟੈਂਟਾਂ ਨਾਲ ਸਾਜ-ਬਾਜ ਹੋ ਕੇ ਗੈਰ ਸ਼ਿਡਿਊਲ ਆਈਟਮਾਂ ਪ੍ਰਵਾਨ ਕਰ ਦਿੱਤੀਆਂ ਜਿਵੇਂ ਕਿ ਜੰਗ-ਏ-ਅਜ਼ਾਦੀ ਵਿੱਚ ਬਨਣ ਵਾਲੇ 6 ਗੁਬੰਦਾਂ ਨੂੰ ਆਰ.ਸੀ.ਸੀ. ਸਟਰੱਕਚਰ ਦੀ ਬਜਾਏ ਸਟੀਲ ਸਟਰੱਕਚਰ ਵਿੱਚ ਬਣਾ ਕੇ ਕਰੋੜਾਂ ਰੁਪਏ ਵਸੂਲ ਕਰ ਲਏ ਗਏ। ਸਟੋਨ ਕਲੈਡਿੰਗ ਦੇ ਕੰਮ ਲਈ ਹਿਲਟੀ ਕਰੈਂਪਸ ਦੀ ਵਰਤੋਂ, ਸੈਟਰਿੰਗ ਅਤੇ ਸ਼ਟਰਿੰਗ ਦੀ ਆਈਟਮ ਨੂੰ ਨਾਨ ਸ਼ਡਿਊਲ ਆਈਟਮ ਬਣਾ ਕੇ ਵੱਧ ਰੇਟ ਦੇ ਕੇ ਕਰੋੜਾਂ ਰੁਪਏ ਵਾਧੂ ਅਦਾਇਗੀ ਸਬੰਧਤ ਠੇਕੇਦਾਰ ਨੂੰ ਕੀਤੀ ਗਈ। ਇਸ ਤੋਂ ਇਲਾਵਾ ਦੀਪਕ ਬਿਲਡਰਜ਼ ਵੱਲੋਂ ਪ੍ਰਾਇਮਰੀ ਸਟੀਲ ਦਾ ਮੁੱਦਾ ਉਠਾਕੇ ਬਰਜਿੰਦਰ ਸਿੰਘ ਹਮਦਰਦ ਤੇ ਵਿਨੈ ਬੁਬਲਾਨੀ ਸੀ.ਈ.ਓ ਦੀ ਸ਼ਹਿ ਪਰ ਬਿਨ੍ਹਾਂ ਕਾਰਜਕਾਰੀ ਕਮੇਟੀ ਦੀ ਪ੍ਰਵਾਨਗੀ ਦੇ ਬਿਨਾਂ ਮਾਹ ਅਪ੍ਰੈਲ 2015 ਤੋਂ ਪ੍ਰਾਇਮਰੀ ਸਟੀਲ (ਟਾਟਾ ਸਟੀਲ) ਖਰੀਦ ਕਰਨਾ ਸ਼ੁਰੂ ਕਰ ਦਿੱਤਾ। ਬਰਜਿੰਦਰ ਸਿੰਘ ਹਮਦਰਦ ਪ੍ਰਧਾਨ ਤੇ ਸ਼੍ਰੀ ਵਿਨੈ ਬੁਬਲਾਨੀ ਸੀ.ਈ.ਓ ਵਲੋਂ ਕਾਰਜਕਾਰੀ ਕਮੇਟੀ ਦੀ ਮੀਟਿੰਗ ਵਿਚ ਕਰੀਬ ਤਿੰਨ ਮਹੀਨੇ ਬਾਅਦ ਦੀਪਕ ਬਿਲਡਰ ਨੂੰ ਪ੍ਰਾਇਮਰੀ ਸਟੀਲ ਦੇ ਨਾਮ ਪਰ ਟਾਟਾ ਸਟੀਲ ਖਰੀਦਣ ਦੀ ਪ੍ਰਵਾਨਗੀ ਦੇ ਕੇ ਕਰੋੜਾਂ ਰੁਪਏ ਦੀ ਅਦਾਇਗੀ ਕਰ ਦਿੱਤੀ ਗਈ।

ਬੁਲਾਰੇ ਨੇ ਦੱਸਿਆ ਕਿ ਦੱਸਿਆ ਕਿ ਜੰਗ-ਏ-ਅਜਾਦੀ ਯਾਦਗਾਰ ਦੀ ਉਸਾਰੀ ਐਮ.ਟੀ.ਸੀ ਰਾਜ ਰਾਵੇਲ ਅਤੇ ਮਿਊਜੀਅਮ ਕੰਨਸਲਟੈਂਟ ਈ.ਡੀ.ਸੀ ਕਰੀਏਵਿਟ ਟੈਕਨੋਲੋਜੀ ਸਲਇਊਸ਼ਨ ਦੇ ਪਲਾਨਾਂ ਮੁਤਾਬਿਕ ਨਹੀਂ ਹੋਈ ਹੈ ਅਤੇ ਐਮ.ਟੀ.ਸੀ ਰਾਜ ਰਾਵੇਲ ਵਲੋਂ ਤਿਆਰ ਕੀਤੇ ਗਏ ਬਿਲਾਂ ਵਿਚ ਸਿਵਲ ਦੀਆਂ ਕੁਲ 235 ਆਈਟਮਾਂ ਵਿਚੋਂ 103 ਆਈਟਮਾਂ ਨੂੰ ਬਿੱਲ/ਟੈਂਡਰ ਨੂੰ ਅੱਖੋਂ ਪਰੋਖੇ ਕਰਕੇ ਨਾਨ ਸ਼ਡਿਊਲ ਕਰਕੇ ਠੇਕੇਦਾਰ ਦੀਪਕ ਬਿਲਡਰ ਨੂੰ ਕਰੋੜਾਂ ਰੁਪਏ ਦਾ ਵਾਧੂ ਵਿੱਤੀ ਲਾਭ ਦਿੱਤਾ ਗਿਆ ਜਿਸ ਕਰਕੇ ਇਸ ਪੈਸੇ ਨਾਲ ਉਸਾਰੀਆਂ ਜਾਣ ਵਾਲੀਆਂ ਕਾਫੀ ਉਸਾਰੀਆਂ ਜਿਵੇਂ ਕਿ 10 ਬੁੱਤ, ਪਹਿਲੀ ਮੰਜਿਲ ਤੇ ਸਥਿਤ 04 ਗੈਲਰੀਆਂ, ਮੈਮੋਰੀਅਲ ਆਈਕਨ, ਫੂਡ ਕੋਰਟ, ਐਟਰੀਅਮ ਆਦਿ ਅੱਜ ਵੀ

ਅਧੂਰੀਆਂ ਪਈਆਂ ਹੋਈਆਂ ਹਨ। ਇਸ ਤੋਂ ਇਲਾਵਾ ਬਰਜਿੰਦਰ ਸਿੰਘ ਹਮਦਰਦ ਜ਼ੋ ਕਿ ਮੈਨੇਜਮੈਂਟ ਕਮੇਟੀ ਦਾ ਵੀ ਪ੍ਰਧਾਨ ਸੀ, ਵੱਲੋਂ ਕਰੀਬ 14 ਕਰੋੜ ਦੀ ਲਾਗਤ ਨਾਲ ਲੇਜ਼ਰ ਸੋਅ ਬਣਾਇਆ ਗਿਆ ਸੀ ਜ਼ੋ ਕਿ ਸਾਲ 2020 ਤੋਂ ਬੰਦ ਪਿਆ ਹੈ, ਜਿਸ ਨਾਲ ਵੀ ਸਰਕਾਰ ਨੂੰ ਵਿੱਤੀ ਨੁਕਸਾਨ ਹੋਇਆ ਹੈ।

ਇਹ ਇਮਾਰਤ ਬਿਲਾਂ ਅਤੇ ਡੀ.ਐਨ.ਆਈ.ਟੀ ਟੈਂਡਰ ਮੁਤਾਬਿਕ ਅਜੇ ਵੀ ਮੁਕੰਮਲ ਤੌਰ ਤੇ ਤਿਆਰ ਨਹੀਂ ਹੋਈ। ਜੰਗ-ਏ-ਅਜਾਦੀ ਪ੍ਰੋਜੈਕਟ ਦੇ ਕੰਮਾਂ ਦਾ ਵੱਖ-ਵੱਖ ਟੈਕਲੀਨਕਲ ਟੀਮਾਂ ਤੋਂ ਮੁਲਾਹਜਾ ਕਰਵਾਇਆ ਗਿਆ ਜਿਨ੍ਹਾਂ ਵੱਲੋਂ ਦਿੱਤੀ ਗਈ ਰਿਪੋਰਟ ਮੁਤਾਬਿਕ ਠੇਕੇਦਾਰਾਂ ਨੂੰ ਵਾਧੂ ਅਦਾਇਗੀ ਕਰਕੇ ਸਿੱਧੇ ਤੌਰ ਤੇ 27,23,62,615 ਰੁਪਏ ਦਾ ਸਰਕਾਰ ਨੂੰ ਵਿੱਤੀ ਨੁਕਸਾਨ ਪਹੁੰਚਾਇਆ ਹੈ। ਜ਼ੋ ਜੰਗ-ਏ-ਅਜਾਦੀ ਪ੍ਰੋਜੈਕਟ ਦਾ ਜ਼ੋ ਕੰਮ ਅਧੂਰਾ ਪਿਆ ਹੈ ।

ਇਸ ਤੋਂ ਇਲਾਵਾ ਸ. ਜੰਗ-ਏ-ਆਜ਼ਾਦੀ ਵਿਖੇ ਲਗਭਗ 14 ਕਰੋੜ ਰੁਪਏ ਦੀ ਲਾਗਤ ਨਾਲ ਲਗਾਇਆ ਗਿਆ ਲੇਜ਼ਰ ਸ਼ੋਅ 2020 ਤੋਂ ਬੰਦ ਪਾਇਆ ਗਿਆ ਅਤੇ ਬਰਜਿੰਦਰ ਸਿੰਘ ਹਮਦਰਦ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸਨ ,ਪਰ ਉਨ੍ਹਾਂ ਨੇ ਆਪਣੀ ਜਿੰਮੇਵਾਰੀ ਨਹੀਂ ਨਿਭਾਈ ਅਤੇ ਇਸ ਲੇਜ਼ਰ ਸ਼ੋ ਨੂੰ ਗੈਰ-ਕਾਰਜਸ਼ੀਲ ਰੱਖਿਆ ਜਿਸ ਨਾਲ ਸਰਕਾਰ ਦਾ ਬਹੁਤ ਮਾਲੀ ਨੁਕਸਾਨ ਹੋਇਆ।

ਉਨ੍ਹਾਂ ਕਿਹਾ ਕਿ ਮੁਲਜ਼ਮ ਬਰਜਿੰਦਰ ਸਿੰਘ ਹਮਦਰਦ ਅਤੇ ਵਿਨੈ ਬੁਬਲਾਨੀ, ਆਈਏਐਸ ਪ੍ਰਧਾਨ ਅਤੇ ਸੀ.ਈ.ਓ ਕਾਰਜਕਾਰੀ ਕਮੇਟੀ ਕ੍ਰਮਵਾਰ ਐਮਟੀਸੀ ਦੇ ਅਨੁਸਾਰ ਸਮਾਰਕ ਦੀ ਉਸਾਰੀ ਕਰਵਾਉਣ ਅਤੇ ਯੋਜਨਾ ਤੇ ਬਿੱਲ ਆਫ ਕੁਆਂਟਟੀ/ਡੀਐਆਈਟੀ ਟੈਂਡਰ ਮੁਤਾਬਕ ਕੰਮ ਕਰਾਵਉਣ ਵਿੱਚ ਅਸਫ਼ਲ ਰਹੇ। ਕਈ ਟੀਮਾਂ ਵੱਲੋਂ ਜੰਗ-ਏ-ਆਜ਼ਾਦੀ ਪ੍ਰੋਜੈਕਟ ਦੇ ਕੰਮ ਦਾ ਜਾਇਜ਼ਾ ਲਿਆ ਗਿਆ ਅਤੇ ਉਨ੍ਹਾਂ ਵੱਲੋਂ ਦਿੱਤੀ ਗਈ ਰਿਪੋਰਟ ਅਨੁਸਾਰ ਇਹ ਸਿੱਟਾ ਨਿਕਲਿਆ ਹੈ ਕਿ ਸਿੱਧੇ ਦੀ ਉਸਾਰੀ ਵਿੱਚ ਠੇਕੇਦਾਰਾਂ ਨੂੰ ਵਾਧੂ ਪੈਸੇ ਦੇ ਕੇ ਜੰਗ-ਏ-ਆਜ਼ਾਦੀ ਯਾਦਗਾਰ ਸਰਕਾਰੀ ਖਜ਼ਾਨੇ ਨੂੰ 27,23,62,615 ਰੁਪਏ ਦਾ ਵਿੱਤੀ ਨੁਕਸਾਨ ਹੋਇਆ ਹੈ। ਇਸ ਤੋਂ ਇਲਾਵਾ ਜੰਗ-ਏ-ਆਜ਼ਾਦੀ ਪ੍ਰੋਜੈਕਟ ਦਾ ਕੰਮ ਜੋ ਅਜੇ ਵੀ ਅਧੂਰਾ ਹੈ ਜਾਂ ਗਲਤ ਤਰੀਕੇ ਨਾਲ ਬਣਾਇਆ ਗਿਆ ਹੈ, ਦਾ ਹੋਰ ਵਿੱਤੀ ਬੋਝ ਪਵੇਗਾ।

---------